# TODAY'S HUKAMNAMA FROM SRI DARBAR SAHIB, SRI AMRITSAR.
## [July 25th, 2026 – Saturday - 04:45 AM. IST]

ਧਨਾਸਰੀ ਮਹਲਾ ੧ ॥

ਜੀਵਾ ਤੇਰੈ ਨਾਇ ਮਨਿ ਆਨੰਦੁ ਹੈ ਜੀਉ ॥ ਸਾਚੋ ਸਾਚਾ ਨਾਉ ਗੁਣ ਗੋਵਿੰਦੁ ਹੈ ਜੀਉ ॥ ਗੁਰ ਗਿਆਨੁ ਅਪਾਰਾ ਸਿਰਜਣਹਾਰਾ ਜਿਨਿ ਸਿਰਜੀ ਤਿਨਿ ਗੋਈ ॥ ਪਰਵਾਣਾ ਆਇਆ ਹੁਕਮਿ ਪਠਾਇਆ ਫੇਰਿ ਨ ਸਕੈ ਕੋਈ ॥ ਆਪੇ ਕਰਿ ਵੇਖੈ ਸਿਰਿ ਸਿਰਿ ਲੇਖੈ ਆਪੇ ਸੁਰਤਿ ਬੁਝਾਈ ॥ ਨਾਨਕ ਸਾਹਿਬੁ ਅਗਮ ਅਗੋਚਰੁ ਜੀਵਾ ਸਚੀ ਨਾਈ ॥੧॥ ਤੁਮ ਸਰਿ ਅਵਰੁ ਨ ਕੋਇ ਆਇਆ ਜਾਇਸੀ ਜੀਉ ॥ ਹੁਕਮੀ ਹੋਇ ਨਿਬੇੜੁ ਭਰਮੁ ਚੁਕਾਇਸੀ ਜੀਉ ॥ ਗੁਰੁ ਭਰਮੁ ਚੁਕਾਏ ਅਕਥੁ ਕਹਾਏ ਸਚ ਮਹਿ ਸਾਚੁ ਸਮਾਣਾ ॥ ਆਪਿ ਉਪਾਏ ਆਪਿ ਸਮਾਏ ਹੁਕਮੀ ਹੁਕਮੁ ਪਛਾਣਾ ॥ ਸਚੀ ਵਡਿਆਈ ਗੁਰ ਤੇ ਪਾਈ ਤੂ ਮਨਿ ਅੰਤਿ ਸਖਾਈ ॥ ਨਾਨਕ ਸਾਹਿਬੁ ਅਵਰੁ ਨ ਦੂਜਾ ਨਾਮਿ ਤੇਰੈ ਵਡਿਆਈ ॥੨॥ ਤੂ ਸਚਾ ਸਿਰਜਣਹਾਰੁ ਅਲਖ ਸਿਰੰਦਿਆ ਜੀਉ ॥ ਏਕੁ ਸਾਹਿਬੁ ਦੁਇ ਰਾਹ ਵਾਦ ਵਧੰਦਿਆ ਜੀਉ ॥ ਦੁਇ ਰਾਹ ਚਲਾਏ ਹੁਕਮਿ ਸਬਾਏ ਜਨਮਿ ਮੁਆ ਸੰਸਾਰਾ ॥ ਨਾਮ ਬਿਨਾ ਨਾਹੀ ਕੋ ਬੇਲੀ ਬਿਖੁ ਲਾਦੀ ਸਿਰਿ ਭਾਰਾ ॥ ਹੁਕਮੀ ਆਇਆ ਹੁਕਮੁ ਨ ਬੂਝੈ ਹੁਕਮਿ ਸਵਾਰਣਹਾਰਾ ॥ ਨਾਨਕ ਸਾਹਿਬੁ ਸਬਦਿ ਸਿਞਾਪੈ ਸਾਚਾ ਸਿਰਜਣਹਾਰਾ ॥੩॥ ਭਗਤ ਸੋਹਹਿ ਦਰਵਾਰਿ ਸਬਦਿ ਸੁਹਾਇਆ ਜੀਉ ॥ ਬੋਲਹਿ ਅੰਮ੍ਰਿਤ ਬਾਣਿ ਰਸਨ ਰਸਾਇਆ ਜੀਉ ॥ ਰਸਨ ਰਸਾਏ ਨਾਮਿ ਤਿਸਾਏ ਗੁਰ ਕੈ ਸਬਦਿ ਵਿਕਾਣੇ ॥ ਪਾਰਸਿ ਪਰਸਿਐ ਪਾਰਸੁ ਹੋਏ ਜਾ ਤੇਰੈ ਮਨਿ ਭਾਣੇ ॥ ਅਮਰਾ ਪਦੁ ਪਾਇਆ ਆਪੁ ਗਵਾਇਆ ਵਿਰਲਾ ਗਿਆਨ ਵੀਚਾਰੀ ॥ ਨਾਨਕ ਭਗਤ ਸੋਹਨਿ ਦਰਿ ਸਾਚੈ ਸਾਚੇ ਕੇ ਵਾਪਾਰੀ ॥੪॥ ਭੂਖ ਪਿਆਸੋ ਆਥਿ ਕਿਉ ਦਰਿ ਜਾਇਸਾ ਜੀਉ ॥ ਸਤਿਗੁਰ ਪੂਛਉ ਜਾਇ ਨਾਮੁ ਧਿਆਇਸਾ ਜੀਉ ॥ ਸਚੁ ਨਾਮੁ ਧਿਆਈ ਸਾਚੁ ਚਵਾਈ ਗੁਰਮੁਖਿ ਸਾਚੁ ਪਛਾਣਾ ॥ ਦੀਨਾ ਨਾਥੁ ਦਇਆਲੁ ਨਿਰੰਜਨੁ ਅਨਦਿਨੁ ਨਾਮੁ ਵਖਾਣਾ ॥ ਕਰਣੀ ਕਾਰ ਧੁਰਹੁ ਫੁਰਮਾਈ ਆਪਿ ਮੁਆ ਮਨੁ ਮਾਰੀ ॥ ਨਾਨਕ ਨਾਮੁ ਮਹਾ ਰਸੁ ਮੀਠਾ ਤ੍ਰਿਸਨਾ ਨਾਮਿ ਨਿਵਾਰੀ ॥੫॥੨॥

ਸ਼ਨਿੱਚਰਵਾਰ, ੧੦ ਸਾਵਣ (ਸੰਮਤ ੫੫੮ ਨਾਨਕਸ਼ਾਹੀ) ੨੫ ਜੁਲਾਈ, ੨੦੨੬ (ਅੰਗ: ੬੮੮)

ਪੰਜਾਬੀ ਵਿਆਖਿਆ:

ਧਨਾਸਰੀ ਮਹਲਾ ੧ ॥

ਹੇ ਪ੍ਰਭੂ ਜੀ! ਤੇਰੇ ਨਾਮ ਵਿਚ (ਜੁੜ ਕੇ) ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ, ਮੇਰੇ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ । ਹੇ ਭਾਈ! ਪਰਮਾਤਮਾ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਪ੍ਰਭੂ ਗੁਣਾਂ (ਦਾ ਖ਼ਜ਼ਾਨਾ) ਹੈ ਤੇ ਧਰਤੀ ਦੇ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ । ਗੁਰੂ ਦਾ ਬਖ਼ਸ਼ਿਆ ਗਿਆਨ ਦੱਸਦਾ ਹੈ ਕਿ ਸਿਰਜਣਹਾਰ ਪ੍ਰਭੂ ਬੇਅੰਤ ਹੈ, ਜਿਸ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹੀ ਇਸ ਨੂੰ ਨਾਸ ਕਰਦਾ ਹੈ । ਜਦੋਂ ਉਸ ਦੇ ਹੁਕਮ ਵਿਚ ਭੇਜਿਆ ਹੋਇਆ (ਮੌਤ ਦਾ) ਸੱਦਾ ਆਉਂਦਾ ਹੈ ਤਾਂ ਕੋਈ ਜੀਵ (ਉਸ ਸੱਦੇ ਨੂੰ) ਮੋੜ ਨਹੀਂ ਸਕਦਾ । ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ ਆਪ ਹੀ ਸੰਭਾਲ ਕਰਦਾ ਹੈ, ਆਪ ਹੀ ਹਰੇਕ ਜੀਵ ਦੇ ਸਿਰ ਉਤੇ (ਉਸ ਦੇ ਕੀਤੇ ਕਰਮਾਂ ਅਨੁਸਾਰ) ਲੇਖ ਲਿਖਦਾ ਹੈ, ਆਪ ਹੀ (ਜੀਵ ਨੂੰ ਸਹੀ ਜੀਵਨ-ਰਾਹ ਦੀ) ਸੂਝ ਬਖ਼ਸ਼ਦਾ ਹੈ । ਮਾਲਕ-ਪ੍ਰਭੂ ਅਪਹੁੰਚ ਹੈ, ਜੀਵਾਂ ਦੇ ਗਿਆਨ-ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ ਹੋ ਸਕਦੀ । ਹੇ ਨਾਨਕ! (ਉਸ ਦੇ ਦਰ ਤੇ ਅਰਦਾਸ ਕਰ, ਤੇ ਆਖ—ਹੇ ਪ੍ਰਭੂ!) ਤੇਰੀ ਸਦਾ ਕਾਇਮ ਰਹਿਣ ਵਾਲੀ ਸਿਫ਼ਤਿ-ਸਾਲਾਹ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ (ਮੈਨੂੰ ਆਪਣੀ ਸਿਫ਼ਤਿ-ਸਾਲਾਹ ਬਖ਼ਸ਼) ।੧। ਹੇ ਪ੍ਰਭੂ ਜੀ! ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਹੈ, (ਹੋਰ ਜੇਹੜਾ ਭੀ ਜਗਤ ਵਿਚ) ਆਇਆ ਹੈ, (ਉਹ ਇਥੋਂ ਆਖ਼ਰ) ਚਲਾ ਜਾਇਗਾ (ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ) । ਜਿਸ ਮਨੁੱਖ ਦੀ ਭਟਕਣਾ (ਗੁਰੂ) ਦੂਰ ਕਰਦਾ ਹੈ, ਪ੍ਰਭੂ ਦੇ ਹੁਕਮ ਅਨੁਸਾਰ ਉਸ ਦੇ ਜਨਮ ਮਰਨ ਦੇ ਗੇੜ ਦਾ ਖ਼ਾਤਮਾ ਹੋ ਜਾਂਦਾ ਹੈ । ਗੁਰੂ ਜਿਸ ਦੀ ਭਟਕਣਾ ਦੂਰ ਕਰਦਾ ਹੈ, ਉਸ ਪਾਸੋਂ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਾਂਦਾ ਹੈ ਜਿਸ ਦੇ ਗੁਣ ਬਿਆਨ ਤੋਂ ਪਰੇ ਹਨ । ਉਹ ਮਨੁੱਖ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਰਹਿੰਦਾ ਹੈ, ਸਦਾ-ਥਿਰ ਪ੍ਰਭੂ (ਉਸ ਦੇ ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ । ਉਹ ਮਨੁੱਖ ਰਜ਼ਾ ਦੇ ਮਾਲਕ-ਪ੍ਰਭੂ ਦਾ ਹੁਕਮ ਪਛਾਣ ਲੈਂਦਾ ਹੈ (ਤੇ ਸਮਝ ਲੈਂਦਾ ਹੈ ਕਿ) ਪ੍ਰਭੂ ਆਪ ਹੀ ਪੈਦਾ ਕਰਦਾ ਹੈ ਤੇ ਆਪ ਹੀ (ਆਪਣੇ ਵਿਚ) ਲੀਨ ਕਰ ਲੈਂਦਾ ਹੈ । ਹੇ ਪ੍ਰਭੂ! ਜਿਸ ਮਨੁੱਖ ਨੇ ਤੇਰੀ ਸਿਫ਼ਤਿ-ਸਾਲਾਹ (ਦੀ ਦਾਤਿ) ਗੁਰੂ ਤੋਂ ਪ੍ਰਾਪਤ ਕਰ ਲਈ ਹੈ, ਤੂੰ ਉਸ ਦੇ ਮਨ ਵਿਚ ਆ ਵੱਸਦਾ ਹੈਂ ਤੇ ਅੰਤ ਸਮੇ ਭੀ ਉਸ ਦਾ ਸਾਥੀ ਬਣਦਾ ਹੈਂ । ਹੇ ਨਾਨਕ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਵਰਗਾ ਹੋਰ ਕੋਈ ਨਹੀਂ । (ਉਸ ਦੇ ਦਰ ਤੇ ਅਰਦਾਸ ਕਰ ਤੇ ਆਖ—) ਹੇ ਪ੍ਰਭੂ! ਤੇਰੇ ਨਾਮ ਵਿਚ ਜੁੜਿਆਂ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ ।੨। ਹੇ ਅਦ੍ਰਿਸ਼ਟ ਰਚਨਹਾਰ! ਤੂੰ ਸਦਾ-ਥਿਰ ਰਹਿਣ ਵਾਲਾ ਹੈਂ ਤੇ ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈਂ । ਇਕੋ ਸਿਰਜਣਹਾਰ ਹੀ (ਸਾਰੇ ਜਗਤ ਦਾ) ਮਾਲਕ ਹੈ, ਉਸ ਨੇ (ਜੰਮਣਾ ਤੇ ਮਰਨਾ) ਦੋ ਰਸਤੇ ਚਲਾਏ ਹਨ । (ਉਸੇ ਦੀ ਰਜ਼ਾ ਅਨੁਸਾਰ ਜਗਤ ਵਿਚ) ਝਗੜੇ ਵਧਦੇ ਹਨ । ਦੋਵੇਂ ਰਸਤੇ ਪ੍ਰਭੂ ਨੇ ਹੀ ਤੋਰੇ ਹਨ, ਸਾਰੇ ਜੀਵ ਉਸੇ ਦੇ ਹੁਕਮ ਵਿਚ ਹਨ, (ਉਸੇ ਦੇ ਹੁਕਮ ਅਨੁਸਾਰ) ਜਗਤ ਜੰਮਦਾ ਤੇ ਮਰਦਾ ਰਹਿੰਦਾ ਹੈ । (ਜੀਵ ਨਾਮ ਨੂੰ ਭੁਲਾ ਕੇ ਮਾਇਆ ਦੇ ਮੋਹ ਦਾ) ਜ਼ਹਰ-ਰੂਪ ਭਾਰ ਆਪਣੇ ਸਿਰ ਉਤੇ ਇਕੱਠਾ ਕਰੀ ਜਾਂਦਾ ਹੈ, (ਤੇ ਇਹ ਨਹੀਂ ਸਮਝਦਾ ਕਿ) ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਭੀ ਸਾਥੀ-ਮਿੱਤਰ ਨਹੀਂ ਬਣ ਸਕਦਾ । ਜੀਵ (ਪਰਮਾਤਮਾ ਦੇ) ਹੁਕਮ ਅਨੁਸਾਰ (ਜਗਤ ਵਿਚ) ਆਉਂਦਾ ਹੈ, (ਪਰ ਮਾਇਆ ਦੇ ਮੋਹ ਵਿਚ ਫਸ ਕੇ ਉਸ) ਹੁਕਮ ਨੂੰ ਸਮਝਦਾ ਨਹੀਂ । ਪ੍ਰਭੂ ਆਪ ਹੀ ਜੀਵ ਨੂੰ ਆਪਣੇ ਹੁਕਮ ਅਨੁਸਾਰ (ਸਿੱਧੇ ਰਾਹ ਪਾ ਕੇ) ਸਵਾਰਨ ਦੇ ਸਮਰਥ ਹੈ । ਹੇ ਨਾਨਕ! ਗੁਰੂ ਦੇ ਸ਼ਬਦ ਵਿਚ ਜੁੜਿਆਂ ਇਹ ਪਛਾਣ ਆਉਂਦੀ ਹੈ ਕਿ ਜਗਤ ਦਾ ਮਾਲਕ ਸਦਾ-ਥਿਰ ਰਹਿਣ ਵਾਲਾ ਹੈ ਤੇ ਸਭ ਦਾ ਪੈਦਾ ਕਰਨ ਵਾਲਾ ਹੈ ।੩। ਹੇ ਭਾਈ! ਪਰਮਾਤਮਾ ਦੀ

ਭਗਤੀ ਕਰਨ ਵਾਲੇ ਬੰਦੇ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਦੇ ਹਨ, ਕਿਉਂਕਿ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਆਪਣੇ ਜੀਵਨ ਨੂੰ ਸੋਹਣਾ ਬਣਾ ਲੈਂਦੇ ਹਨ । ਉਹ ਬੰਦੇ ਆਤਮਕ ਜੀਵਨ ਦੇਣ ਵਾਲੀ ਬਾਣੀ ਆਪਣੀ ਜੀਭ ਨਾਲ ਉਚਾਰਦੇ ਰਹਿੰਦੇ ਹਨ, ਜੀਵ ਨੂੰ ਉਸ ਬਾਣੀ ਨਾਲ ਇਕ–ਰਸ ਕਰ ਲੈਂਦੇ ਹਨ । ਭਗਤ–ਜਨ ਪ੍ਰਭੂ ਦੇ ਨਾਮ ਨਾਲ ਜੀਭ ਨੂੰ ਰਸਾ ਲੈਂਦੇ ਹਨ, ਨਾਮ ਵਿਚ ਜੁੜ ਕੇ (ਨਾਮ ਵਾਸਤੇ ਉਹਨਾਂ ਦੀ) ਪਿਆਸ ਵਧਦੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਪ੍ਰਭੂ–ਨਾਮ ਤੋਂ ਸਦਕੇ ਹੁੰਦੇ ਹਨ (ਨਾਮ ਦੀ ਖ਼ਾਤਰ ਹੋਰ ਸਭ ਸਰੀਰਕ ਸੁਖ ਕੁਰਬਾਨ ਕਰਦੇ ਹਨ) । ਹੇ ਪ੍ਰਭੂ ! ਜਦੋਂ (ਭਗਤ ਜਨ) ਤੇਰੇ ਮਨ ਵਿਚ ਪਿਆਰੇ ਲੱਗਦੇ ਹਨ, ਤਾਂ ਉਹ ਗੁਰੂ–ਪਾਰਸ ਨਾਲ ਛੁਹ ਕੇ ਆਪ ਭੀ ਪਾਰਸ ਹੋ ਜਾਂਦੇ ਹਨ (ਹੋਰਨਾਂ ਨੂੰ ਪਵਿਤ੍ਰ ਜੀਵਨ ਦੇਣ ਜੋਗੇ ਹੋ ਜਾਂਦੇ ਹਨ) । ਜੇਹੜੇ ਬੰਦੇ ਆਪਾ–ਭਾਵ ਦੂਰ ਕਰਦੇ ਹਨ ਉਹਨਾਂ ਨੂੰ ਉਹ ਆਤਮਕ ਦਰਜਾ ਮਿਲ ਜਾਂਦਾ ਹੈ ਜਿਥੇ ਆਤਮਕ ਮੌਤ ਅਸਰ ਨਹੀਂ ਕਰ ਸਕਦੀ । ਪਰ ਅਜੇਹਾ ਕੋਈ ਵਿਰਲਾ ਹੀ ਗੁਰੂ ਦੇ ਦਿੱਤੇ ਗਿਆਨ ਦੀ ਵਿਚਾਰ ਕਰਨ ਵਾਲਾ ਬੰਦਾ ਹੁੰਦਾ ਹੈ । ਹੇ ਨਾਨਕ ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਸਦਾ–ਥਿਰ ਪ੍ਰਭੂ ਦੇ ਦਰ ਤੇ ਸੋਭਾ ਪਾਂਦੇ ਹਨ, ਉਹ (ਆਪਣੇ ਸਾਰੇ ਜੀਵਨ ਵਿਚ) ਸਦਾ–ਥਿਰ ਪ੍ਰਭੂ ਦੇ ਨਾਮ ਦਾ ਹੀ ਵਣਜ ਕਰਦੇ ਹਨ ।੪। ਜਦੋਂ ਤਕ ਮੈਂ ਮਾਇਆ ਵਾਸਤੇ ਭੁੱਖਾ ਪਿਆਸਾ ਰਹਿੰਦਾ ਹਾਂ, ਤਦ ਤਕ ਮੈਂ ਕਿਸੇ ਭੀ ਤਰ੍ਹਾਂ ਪ੍ਰਭੂ ਦੇ ਦਰ ਤੇ ਪਹੁੰਚ ਨਹੀਂ ਸਕਦਾ । (ਮਾਇਆ ਦੀ ਤ੍ਰਿਸ਼ਨਾ ਦੂਰ ਕਰਨ ਦਾ ਇਲਾਜ) ਮੈਂ ਜਾ ਕੇ ਆਪਣੇ ਗੁਰੂ ਤੋਂ ਪੁੱਛਦਾ ਹਾਂ (ਤੇ ਉਸ ਦੀ ਸਿੱਖਿਆ ਅਨੁਸਾਰ) ਮੈਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ (ਨਾਮ ਹੀ ਤ੍ਰਿਸਨਾ ਦੂਰ ਕਰਦਾ ਹੈ) । ਗੁਰੂ ਦੀ ਸਰਨ ਪੈ ਕੇ ਮੈਂ ਸਦਾ–ਥਿਰ ਨਾਮ ਸਿਮਰਦਾ ਹਾਂ ਸਦਾ–ਥਿਰ ਪ੍ਰਭੂ (ਦੀ ਸਿਫ਼ਤਿ–ਸਾਲਾਹ) ਉਚਾਰਦਾ ਹਾਂ, ਤੇ ਸਦਾ–ਥਿਰ ਪ੍ਰਭੂ ਨਾਲ ਸਾਂਝ ਪਾਂਦਾ ਹਾਂ । ਮੈਂ ਹਰ ਰੋਜ਼ ਉਸ ਪ੍ਰਭੂ ਦਾ ਨਾਮ ਮੂੰਹੋਂ ਬੋਲਦਾ ਹਾਂ ਜੋ ਦੀਨਾਂ ਦਾ ਸਹਾਰਾ ਹੈ ਜੋ ਦਇਆ ਦਾ ਸੋਮਾ ਹੈ ਤੇ ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ । ਪਰਮਾਤਮਾ ਨੇ ਜਿਸ ਮਨੁੱਖ ਨੂੰ ਆਪਣੀ ਹਜ਼ੂਰੀ ਤੋਂ ਹੀ ਨਾਮ ਸਿਮਰਨ ਦੀ ਕਰਨ–ਜੋਗ ਕਾਰ ਕਰਨ ਦਾ ਹੁਕਮ ਦੇ ਦਿੱਤਾ, ਉਹ ਮਨੁੱਖ ਆਪਣੇ ਮਨ ਨੂੰ (ਮਾਇਆ ਵਲੋਂ) ਮਾਰ ਕੇ ਤ੍ਰਿਸ਼ਨਾ ਦੇ ਪ੍ਰਭਾਵ ਤੋਂ ਬਚ ਜਾਂਦਾ ਹੈ । ਹੇ ਨਾਨਕ ! ਉਸ ਮਨੁੱਖ ਨੂੰ ਪ੍ਰਭੂ ਦਾ ਨਾਮ ਹੀ ਮਿੱਠਾ ਤੇ ਹੋਰ ਸਭ ਰਸਾਂ ਨਾਲੋਂ ਸ੍ਰੇਸ਼ਟ ਲੱਗਦਾ ਹੈ, ਉਸ ਨੇ ਨਾਮ ਸਿਮਰਨ ਦੀ ਬਰਕਤਿ ਨਾਲ ਮਾਇਆ ਦੀ ਤ੍ਰਿਸ਼ਨਾ (ਆਪਣੇ ਅੰਦਰੋਂ) ਦੂਰ ਕਰ ਲਈ ਹੁੰਦੀ ਹੈ ।੫।੨।

English Translation:

**DHANAASAREE, FIRST MEHL:**

I live by Your Name; my mind is in ecstasy, Lord. True is the Name of the True Lord. Glorious are the Praises of the Lord of the Universe. Infinite is the spiritual wisdom imparted by the Guru. The Creator Lord who created, shall also destroy. The call of death is sent out by the Lord's Command; no one can challenge it. He Himself creates, and watches; His written command is above each and every head. He Himself imparts understanding and awareness. O Nanak, the Lord Master is inaccessible and unfathomable; I live by His True Name. || 1 || No one can compare to You, Lord; all come and go. By Your Command, the account is settled, and doubt is dispelled. The Guru dispels doubt, and makes us speak the Unspoken Speech; the true ones are absorbed into Truth. He Himself creates, and He Himself destroys; I accept the Command of the Commander Lord. True greatness comes from the Guru; You alone are the mind's companion in the end. O Nanak, there is no other than the Lord and Master; greatness comes from Your Name. || 2 || You are the True Creator Lord, the unknowable Maker. There is only the One Lord and Master, but there are two paths, by which conflict increases. All follow these two paths, by the Hukam of the Lord's Command; the world is born, only to die. Without the Naam, the Name of the Lord, the mortal has no friend at all; he carries loads of sin on his head. By the Hukam of the Lord's Command, he comes, but he does not understand this Hukam; the Lord's Hukam is the Embellisher. O Nanak, through the Shabad, the Word of the Lord and Master, the True Creator Lord is realized. || 3 || Your devotees look beautiful in Your Court, embellished with the Shabad. They chant the Ambrosial Word of His Bani, savoring it with their tongues. Savoring it with their tongues, they thirst for the Naam; they are a sacrifice to the Word of the Guru's Shabad. Touching the philosopher's stone, they become the philosopher's stone, which transforms lead into gold; O Lord, they become pleasing to your mind. They attain the immortal status and eradicate their self-conceit; how rare is that person, who contemplates spiritual wisdom. O Nanak, the devotees look beautiful in the Court of the True Lord; they are dealers in the Truth. || 4 || I am hungry and thirsty for wealth; how will I be able to go to the Lord's Court? I shall go and ask the True Guru, and meditate on the Naam, the Name of the Lord. I meditate on the True Name, chant the True Name, and as Gurmukh, I realize the True Name. Night and day, I chant the Name of the merciful, immaculate Lord, the Master of the poor. The Primal Lord has ordained the tasks to be done; self-conceit is overcome, and the mind is subdued. O Nanak, the Naam is the sweetest essence; through the Naam, thirst and desire are stilled. || 5 || 2 ||

**Saturday, 10th Saawan (Samvat 558 Nanakshahi) 25th July 2026 (Ang: 688)**